ਦਫ਼ਤਰ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਬਲਾਕ-ਈ, ਛੇਵੀ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ:,ਫੇਜ਼-8 ਐਸ.ਏ.ਐਸ ਨਗਰ,ਮੁਹਾਲੀ
ਫੋਨ ਨੰਬਰ: 0172-2212221, ਫੈਕਸ ਨੰ: 0172-2212793

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ.)
ਸਮੂਹ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ)
ਸਮੂਹ ਡਾਇਟ ਪ੍ਰਿੰਸੀਪਲ,
ਸਮੂਹ ਬੀ.ਪੀ.ਈ.ਓ. ਸਾਹਿਬਾਨ,
ਸਮੂਹ ਸਕੂਲ ਮੁੱਖੀ
ਪੰਜਾਬ।

ਮੀਮੋ ਨੰ:- SCERT/PPPP/PRI./202027/2.2 ਮਿਤੀ: 29-10-2020

**ਵਿਸ਼ਾ:- ਮਿਤੀ 2.11.2020 ਅਤੇ 3.11.2020 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਉਣ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਦੀ ਜਾਣਕਾਰੀ ਹਿੱਤ ਦੱਸਿਆ ਜਾਂਦਾ ਹੈ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਬੇਹਤਰ ਪੜ੍ਹਾਈ ਦੇ ਉਦੇਸ਼ ਨਾਲ ਪਹਿਲੀ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਬੱਚਿਆਂ ਦਾ ਪੰਜਾਬ ਪ੍ਰਾਪਤੀ ਸਰਵੇਖਣ (PAS-2020) ਦਾ ਮੁਲਾਂਕਣ 11 ਨਵੰਬਰ 2020 ਤੋਂ ਕਰਵਾਇਆ ਜਾ ਰਿਹਾ ਹੈ। ਫੀਲਡ ਤੋਂ ਪ੍ਰਾਪਤ ਸੁਝਾਵਾਂ ਅਨੁਸਾਰ ਪੰਜਾਬ ਪ੍ਰਾਪਤੀ ਸਰਵੇਖਣ ਵਿੱਚ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਭਾਗੀਦਾਰੀ ਕਰਵਾਉਣ ਲਈ, ਬੱਚਿਆਂ ਦੀ ਵਧੀਆ ਤਰੀਕੇ ਨਾਲ ਤਿਆਰੀ ਕਰਵਾਉਣ ਲਈ ਅਤੇ ਹੋਰ ਮਹੱਤਵਪੂਰਨ ਪੱਖਾਂ ਸਬੰਧੀ ਅਧਿਆਪਕਾਂ ਅਤੇ ਮਾਪਿਆਂ ਵਿੱਚ ਹੋਰ ਬੇਹਤਰ ਤਾਲਮੇਲ/ਸਹਿਯੋਗ ਵਧਾਉਣ ਲਈ ਮਿਤੀ 2.11.2020 ਅਤੇ 3.11.2020 ਨੂੰ ਮਾਪੇ-ਅਧਿਆਪਕ ਮਿਲਣੀ ਕਰਵਾਈ ਜਾ ਰਹੀ ਹੈ।

3.0 ਇਸ ਮਾਪੇ-ਅਧਿਆਪਕ ਮਿਲਣੀ ਦੌਰਾਨ ਪਹਿਲੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਸਮੂਹ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ, ਪੰਚਾਇਤ ਮੈਂਬਰਾਂ, ਮਿਡ-ਡੇ-ਮੀਲ ਵਰਕਰਾਂ, ਐੱਸ.ਐੱਮ.ਸੀ. ਮੈਂਬਰਾਂ ਅਤੇ ਹੋਰ ਪੱਤਵੰਤੇ ਲੋਕਾਂ ਤੱਕ ਪਹੁੰਚ ਕਰਨ ਦਾ ਟੀਚਾ ਰੱਖਿਆ ਗਿਆ ਹੈ।

4.0 ਮਾਪਿਆਂ ਅਤੇ ਹੋਰ ਸਮਾਜ ਦੇ ਮੈਂਬਰਾਂ ਨੂੰ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਨਵੰਬਰ ਮਹੀਨੇ ਵਿੱਚ ਕਰਵਾਏ ਜਾ ਰਹੇ ਪੰਜਾਬ ਪ੍ਰਾਪਤੀ ਸਰਵੇਖਣ ਵਿੱਚ ਬੱਚਿਆਂ ਦੀ ਵੱਧ ਤੋਂ ਵੱਧ ਭਾਗੀਦਾਰੀ ਕਰਵਾਉਣਾ, ਇਸ ਮੁਲਾਂਕਣ ਲਈ ਬੱਚਿਆਂ ਦੀ ਵਧੀਆ ਤਰੀਕੇ ਨਾਲ ਤਿਆਰੀ ਕਰਵਾਉਣਾ, ਵਿਭਾਗ ਵੱਲੋਂ ਬੱਚਿਆਂ ਦੀ ਬੇਹਤਰ ਪੜ੍ਹਾਈ ਲਈ ਕੀਤੇ ਗਏ ਉਪਰਾਲਿਆਂ ਜਿਵੇਂ ਟੀ.ਵੀ./ਆਨ-ਲਾਈਨ ਜਮਾਤਾਂ, ਸਪਲੀਮੈਂਟਰੀ ਮਟੀਰੀਅਲ, ਅਭਿਆਸ ਲਈ ਵਰਕਸ਼ੀਟਾਂ ਆਦਿ ਬਾਰੇ ਜਾਣੂੰ ਕਰਵਾਉਣਾ ਇਸ ਮੀਟਿੰਗ ਦਾ ਮੁੱਖ ਏਜੰਡਾ ਹੋਵੇਗਾ।

5.0 ਇਸ ਮਾਪੇ-ਅਧਿਆਪਕ ਮਿਲਣੀ ਲਈ ਅਧਿਆਪਕਾਂ ਨੂੰ ਆਨ-ਲਾਈਨ ਮੀਟਿੰਗਾਂ ਕਰਨ, ਫੋਨ ਰਾਹੀਂ ਕਾਲ/ਵੀਡੀਓ ਕਾਲ ਕਰਨ ਅਤੇ COVID-19 ਸਬੰਧੀ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸਿੱਧਾ ਤਾਲਮੇਲ ਕਰਨ ਲਈ ਅਧਿਆਪਕਾਂ ਨੂੰ ਪ੍ਰੇਰਿਤ ਕੀਤਾ ਜਾਵੇ।

6.0 ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਸਮੂਹ ਅਧਿਕਾਰੀ, ਸਕੂਲ ਮੁੱਖੀ, ਅਧਿਆਪਕ ਅਤੇ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਟੀਮ ਮੈਂਬਰ ਰੋਜ਼ਾਨਾ ਅਨਾਊਂਸਮੈਂਟ ਕਰਵਾਕੇ, ਪੋਸਟਰ ਜਾਰੀ ਕਰਕੇ, ਆਡੀਓ/ਲਿਖਤੀ ਮੈਸੇਜ ਕਰਕੇ ਮਾਪਿਆਂ/ਬੱਚਿਆਂ ਅਤੇ ਹੋਰ ਕਮਿਊਨਟੀ ਮੈਂਬਰਾਂ ਨੂੰ ਅਗੇਤ ਵਿੱਚ ਜਾਣੂੰ ਕਰਵਾਉਣਗੇ।

7.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ), ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ/ਐ.ਸਿੱ), ਡਾਇਟ ਪ੍ਰਿੰਸੀਪਲ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਸਕੂਲ ਮੁੱਖੀ, ਸੀ.ਐੱਚ.ਟੀ. ਇਸ ਮਾਪੇ ਅਧਿਆਪਕ ਮਿਲਣੀ ਦੇ ਸਬੰਧ ਵਿੱਚ ਨਿਰਧਾਰਿਤ ਮਿਤੀ ਤੋਂ ਪਹਿਲਾਂ ਸਾਰੇ ਅਧਿਆਪਕਾਂ ਨਾਲ ਮੀਟਿੰਗਾਂ ਕਰਕੇ ਇਸ ਮਿਲਣੀ ਨੂੰ ਸਫ਼ਲ ਬਣਾਉਣ ਲਈ ਪ੍ਰੇਰਿਤ ਕਰਨਗੇ।

8.0 ਇਸ ਤੋਂ ਇਲਾਵਾ ਸਮੂਹ ਅਧਿਕਾਰੀ ਅਤੇ ਸਕੂਲ ਮੁੱਖੀ ਇਸ ਮਾਪੇ-ਅਧਿਆਪਕ ਮਿਲਣੀ ਵਿੱਚ ਰੈਂਡਮ ਪੱਧਰ 'ਤੇ ਭਾਗ ਲੈਂਦੇ ਹੋਏ ਇਹਨਾਂ ਮਿਲਣੀਆਂ ਨੂੰ ਏਜੰਡੇ ਅਨੁਸਾਰ, ਸਾਰੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੁਆਰਾ ਕੀਤੇ ਜਾਣ ਨੂੰ ਯਕੀਨੀ ਬਣਾਉਣਗੇ।

9.0 ਸਮੂਹ ਅਧਿਆਪਕ ਮਿਲਣੀ ਵਿੱਚ ਆਪ -ਟੀਮ ਮੈਂਬਰ ਇਸ ਮਾਪੇ 'ਪੜ੍ਹਾਓ ਪੰਜਾਬ ,ਪੜ੍ਹੋ ਪੰਜਾਬ' ਅਧਿਆਪਕਾਂ ਦਾ ਸਹਿਯੋਗ ਕਰਨਗੇ ਅਤੇ ਇਹਨਾਂ ਮਿਲਣੀਆਂ ਸਬੰਧੀ ,ਵੀ ਭਾਗ ਲੈਂਦੇ ਹੋਏ ਇਕੱਤਰ ਡਾਟੇ ਨੂੰ ਸਿੱਖਿਆ ਦਰਪਣ ਐੱਪ ਵਿੱਚ ਨਿਰਧਾਰਿਤ ਪ੍ਰੋਫਾਰਮੇ ਵਿੱਚ ਭਰਨ ਦਾ ਕੰਮ ਕਰਨਗੇ।

ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।

ਪਿੱਠ ਅੰਕਣ ਨੰ:

ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ. ਟੂ ਮਾਨਯੋਗ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡੀ.ਪੀ.ਆਈ. (ਸੈ.ਸਿੱ), ਪੰਜਾਬ।
4. ਡੀ.ਪੀ.ਆਈ. (ਐ.ਸਿੱ), ਪੰਜਾਬ।

ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।